## ਮੁੰਦਾਵਣੀ ਮਹਲਾ ੫ ॥

ਥਾਲ ਵਿਚਿ ਤਿੰਨਿ ਵਸਤੂ ਪਈਓ ਸਤੁ ਸੰਤੋਖੁ ਵੀਚਾਰੋ ॥ ਅੰਮ੍ਰਿਤ ਨਾਮੁ ਠਾਕੁਰ ਕਾ ਪਇਓ ਜਿਸ ਕਾ ਸਭਸੁ ਅਧਾਰੋ ॥ ਜੇ ਕੋ ਖਾਵੈ ਜੇ ਕੋ ਭੁੰਚੈ ਤਿਸ ਕਾ ਹੋਇ ਉਧਾਰੋ ॥ ਏਹ ਵਸਤੁ ਤਜੀ ਨਹ ਜਾਈ ਨਿਤ ਨਿਤ ਰਖੁ ਉਰਿ ਧਾਰੋ ॥ ਤਮ ਸੰਸਾਰੁ ਚਰਨ ਲਗਿ ਤਰੀਐ ਸਭੁ ਨਾਨਕ ਬ੍ਰਹਮ ਪਸਾਰੋ ॥੧॥ ਸਲੋਕ ਮਹਲਾ ੫ ॥ ਤੇਰਾ ਕੀਤਾ ਜਾਤੋ ਨਾਹੀ ਮੈਨੋ ਜੋਗੁ ਕੀਤੋਈ ॥ ਮੈ ਨਿਰਗੁਣਿਆਰੇ ਕੋ ਗੁਣੁ ਨਾਹੀ ਆਪੇ ਤਰਸੁ ਪਇਓਈ ॥ ਤਰਸੁ ਪਇਆ ਮਿਹਰਾਮਤਿ ਹੋਈ ਸਤਿਗੁਰੁ ਸਜਣੁ ਮਿਲਿਆ ॥ ਨਾਨਕ ਨਾਮੁ ਮਿਲੈ ਤਾਂ ਜੀਵਾਂ ਤਨੁ ਮਨੁ ਥੀਵੈ ਹਰਿਆ ॥੧॥